# ਦਫ਼ਤਰ ਨਗਰ ਨਿਗਮ, ਹੁਸ਼ਿਆਰਪੁਰ।

## ਪ੍ਰੈਸ ਨੋਟ

## ਵਾਰਡ ਨੰ: 27 ਦੀਆਂ ਮੁਸ਼ਕਲਾਂ ਸਬੰਧੀ ਮੇਅਰ ਸ਼ਿਵ ਸੂਦ ਅਤੇ ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ ਨੇ ਕੀਤਾ ਦੋਰਾ

## ਮੁਹੱਲਾ ਕੀਰਤੀ ਨਗਰ ਦੀਆਂ ਸੜਕਾਂ ਦਾ ਕੰਮ ਜਲਦ ਹੀ ਕੀਤਾ ਜਾਵੇਗਾ ਸ਼ੁਰੂ...ਸ਼ਿਵ ਸੂਦ

ਹੁਸ਼ਿਆਰਪੁਰ 10 ਦਸੰਬਰ- ਨਗਰ ਨਿਗਮ ਹੁਸ਼ਿਆਰਪੁਰ ਦੇ ਮੇਅਰ ਸ਼ਿਵ ਸੂਦ ਨੇ ਵਾਰਡ ਨੰ: 27 ਦੇ ਮੁਹੱਲਾ ਕੀਰਤੀ ਨਗਰ ਵਿਖੇ ਮੁਹੱਲਾ ਵਾਸੀਆਂ ਦੀਆਂ ਸਮੱਸਿਆਵਾਂ ਸਬੰਧੀ ਵਿਸ਼ੇਸ਼ ਦੋਰਾ ਕੀਤਾ। ਸੀਨੀਅਰ ਡਿਪਟੀ ਮੇਅਰ ਪ੍ਰੇਮ ਸਿੰਘ ਪਿੱਪਲਾਂਵਾਲਾ, ਕੌਂਸਲਰ ਬਲਵਿੰਦਰ ਬਿੰਦੀ, ਵਿਨੋਦ ਪਰਮਾਰ, ਚੰਦਨ ਲੱਕੀ ਅਤੇ ਲਖਵੀਰ ਸਿੰਘ ਵੀ ਇਸ ਮੋਕੇ ਤੇ ਉਹਨਾਂ ਦੇ ਨਾਲ ਸਨ। ਇਸ ਮੌਕੇ ਤੇ ਮੁਹੱਲਾ ਸੁਧਾਰ ਕਮੇਟੀ ਕੀਰਤੀ ਨਗਰ ਨਗਰ ਦੇ ਪ੍ਰਧਾਨ ਅਤੇ ਮੈਬਰਾਂ ਨੇ ਮੇਅਰ ਸ਼ਿਵ ਸੂਦ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇਸ ਮੁਹੱਲੇ ਦੀਆਂ ਗਲੀਆਂ ਵਿੱਚ ਪੀਣ ਵਾਲੇ ਪਾਣੀ ਅਤੇ ਸੀਰਵੇਜ਼ ਦੀਆਂ ਪਾਈਪਾਂ ਪੈ ਚੁੱਕੀਆਂ ਹਨ, ਇਸ ਲਈ ਇਹਨਾਂ ਗਲੀਆਂ ਨੂੰ ਪੱਕਾ ਬਣਾਇਆ ਜਾਵੇ ਅਤੇ ਮੁਹੱਲਾ ਵਾਸੀਆਂ ਦੀ ਇਸ ਸਮੱਸਿਆ ਦਾ ਹੱਲ ਕੀਤਾ ਜਾਵੇ।

ਮੇਅਰ ਸ਼ਿਵ ਸੂਦ ਨੇ ਮੁਹੱਲਾ ਸੁਧਾਰ ਕਮੇਟੀ ਕੀਰਤੀ ਨਗਰ ਦੇ ਮੈਂਬਰਾਂ ਨੂੰ ਭਰੋਸਾ ਦਵਾਇਆ ਕਿ ਇਸ ਮੁਹੱਲੇ ਵਿੱਚ ਸੜਕਾਂ ਪੱਕੀਆਂ ਬਣਾਉਣ ਦਾ ਕੰਮ ਜਲਦ ਹੀ ਸ਼ੁਰੂ ਕਰ ਦਿੱਤਾ ਜਾਵੇਗਾ। ਕੇਵਲ ਸਿੰਘ, ਦਰਸ਼ਨ ਸਿੰਘ, ਗੁਰਪ੍ਰੀਤ ਸਿੰਘ, ਹਰਮੇਸ਼ ਲਾਲ, ਓਮ ਪ੍ਰਕਾਸ਼, ਕਰਨ ਸਿੰਘ, ਓਮ, ਮਨਜੀਤ ਠਾਕੁਰ, ਕਾਲਾ ਸਿੰਘ, ਲਾਲ ਬਾਬੂ, ਰਾਜਨ ਸਾਹਨੀ ਅਤੇ ਮੁਹੱਲਾ ਨਿਵਾਸੀ ਇਸ ਮੌਕੇ ਤੇ ਹਾਜ਼ਰ ਸਨ।